ਛੱਠ ਪੂਜਾ ਏਕਤਾ, ਆਸਥਾ ਅਤੇ ਸੰਜਮ ਦਾ ਪ੍ਰਤੀਕ ਤਿਉਹਾਰ: ਇੰਜੀਨੀਅਰ ਬੋਪਾਰਾਏ

ਵੱਡੀ ਗਿਣਤੀ ਸ਼ਰਧਾਲੂਆਂ ਨੇ ਚੜ੍ਹਦੇ ਸੂਰਜ ਦੀ ਕੀਤੀ ਪੂਜਾ

ਪਾਇਲ, 28 ਅਕਤੂਬਰ (ਨਿਜ਼ਾਮਪੁਰ/ਰਜਿੰਦਰ ਸਿੰਘ)- ਦੋਰਾਹਾ ਨੇੜੇ ਗੁਰਬਲੀ ਪੁਲ 'ਤੇ ਸਰਹਿੰਦ ਨਹਿਰ ਕਿਨਾਰੇ ਪੂਰਵਾਂਚਲ ਛੱਠ ਪੂਜਾ ਕਮੇਟੀ ਵਲੋਂ ਮਾਂ ਦੁਰਗਾ ਦੇ 23ਵੇਂ ਮਹਾਂਉਤਸਵ ਮੌਕੇ ਛੱਠ ਪੂਜਾ ਦਾ ਪਵਿੱਤਰ ਤਿਉਹਾਰ ਮਨਾਇਆ ਗਿਆ। ਇਸ ਮੌਕੇ ਹਜ਼ਾਰਾਂ ਸ਼ਰਧਾਲੂਆਂ ਨੇ ਨਹਿਰ 'ਚ ਉਤਰ ਕੇ ਡੁੱਬਦੇ ਅਤੇ ਚੜ੍ਹਦੇ ਸੂਰਜ ਨੂੰ ਨਤਮਸਤਕ ਹੋ ਕੇ ਸੂਰਜ ਦੇਵਤਾ ਦੀ ਅਰਾਧਨਾ ਕੀਤੀ ਅਤੇ ਵਰਤ ਤੋੜਿਆ। ਇਸ ਸਮਾਗਮ ਦਾ ਉਦਘਾਟਨ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਉਪ ਪ੍ਰਧਾਨ, ਉੱਘੇ ਉਦਯੋਗਪਤੀ ਤੇ ਲੋਕ ਸੇਵਾ ਨੂੰ ਸਮਰਪਿਤ ਆਗੂ ਇੰਜੀਨੀਅਰ ਜਗਦੇਵ ਸਿੰਘ ਬੋਪਾਰਾਏ ਨੇ ਰੀਬਨ ਕੱਟ ਕੇ ਕੀਤਾ। ਉਨ੍ਹਾਂ ਮਾਂ ਦੁਰਗਾ ਅਤੇ ਸੂਰਜ ਦੇਵਤਾ ਅੱਗੇ ਨਤਮਸਤਕ ਹੋ ਕੇ ਸਾਰਿਆਂ ਦੀ ਖ਼ੁਸ਼ਹਾਲੀ, ਸਿਹਤ ਅਤੇ ਸੁਖ-ਸਮਰਿੱਧੀ ਲਈ ਅਰਦਾਸ ਕੀਤੀ। ਇੰਜੀ. ਜਗਦੇਵ ਸਿੰਘ ਬੋਪਾਰਾਏ ਨੇ ਕਿਹਾ ਕਿ ਛੱਠ ਪੂਜਾ ਸਿਰਫ਼ ਇਕ ਧਾਰਮਿਕ ਤਿਉਹਾਰ ਨਹੀਂ, ਸਗੋਂ ਏਕਤਾ, ਵਿਸ਼ਵਾਸ ਅਤੇ ਆਤਮ-ਸੰਯਮ ਦਾ ਸ਼ਾਨਦਾਰ ਪ੍ਰਤੀਕ ਹੈ। ਇੰਜੀ. ਬੋਪਾਰਾਏ ਨੇ ਇਸ ਮੌਕੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਜਾਵੇ। ਸਮਾਗਮ ਦੌਰਾਨ ਵਿਸ਼ਾਲ ਜਾਗਰਣ ਦਾ ਆਯੋਜਨ ਵੀ ਕੀਤਾ ਗਿਆ, ਜਿਸ 'ਚ ਭੋਜਪੁਰੀ ਤੇ ਹਿੰਦੀ ਗਾਇਕਾਂ ਪੱਪੂ ਪ੍ਰਦੇਸੀ, ਗਿਰੀ ਬਕਸਰ, ਵਿਦਿਆ ਕੁਮਾਰ ਬੈਤੀਆ ਅਤੇ ਰੇਸ਼ਮ ਰਾਜ ਨੇ ਸਾਰੀ ਰਾਤ ਛੱਠੀ ਮਾਈਆ ਦੇ ਭਜਨ ਗਾ ਕੇ ਹਜ਼ਾਰਾਂ ਸ਼ਰਧਾਲੂਆਂ ਨੂੰ ਭਗਤੀ ਦੇ ਰੰਗ 'ਚ ਰੰਗਿਆ। ਇਸ ਮੌਕੇ ਪੂਰਵਾਂਚਲ ਛੱਠ ਪੂਜਾ ਕਮੇਟੀ ਵੱਲੋਂ ਇੰਜੀਨੀਅਰ ਜਗਦੇਵ ਸਿੰਘ ਬੋਪਾਰਾਏ ਦਾ ਵਿਸ਼ੇਸ਼ ਸਨਮਾਨ ਲੋਈ ਅਤੇ ਯਾਦਗਾਰੀ ਚਿੰਨ ਭੇਟ ਕਰਕੇ ਕੀਤਾ ਗਿਆ। ਸਾਰੀ ਰਾਤ ਮਾਤਾ ਦਾ ਭੰਡਾਰਾ ਚੱਲਦਾ ਰਿਹਾ ਅਤੇ ਦੋਰਾਹਾ ਤੋਂ ਇਲਾਵਾ ਸਾਹਨੇਵਾਲ, ਫੋਕਲ ਪੁਆਇੰਟ, ਸ਼ੇਰਪੁਰ, ਢੰਡਾਰੀ, ਗਿਆਸਪੁਰਾ, ਮੁੰਡੀਆ ਤੇ ਖੰਨਾ ਸਮੇਤ ਆਲੇ ਦੁਆਲੇ ਦੇ ਇਲਾਕਿਆਂ ਤੋਂ ਵੀ ਵੱਡੀ ਗਿਣਤੀ 'ਚ ਸ਼ਰਧਾਲੂ ਇਸ ਮਹਾਂਉਤਸਵ 'ਚ ਸ਼ਾਮਿਲ ਹੋਏ।

ਛੱਠ ਪੂਜਾ ਦਾ ਤਿਉਹਾਰ ਮਨਾਉਣ ਸਮੇਂ ਪੁੱਜੇ ਇੰਜੀ. ਜਗਦੇਵ ਸਿੰਘ ਬੋਪਾਰਾਏ ਨੂੰ ਸਨਮਾਨਿਤ ਕੀਤੇ ਜਾਣ ਸਮੇਂ ਦੀ ਤਸਵੀਰ। ਤਸਵੀਰ : ਨਿਜ਼ਾਮਪੁਰ

ਸਾਹਨੇਵਾਲ 'ਚ ਛੱਠ ਪੂਜਾ ਦੌਰਾਨ ਪੂਜਾ ਕਰਦੇ ਹੋਏ ਸੀਮਾ ਸ੍ਰੀਵਾਸਤਵ ਤੇ ਹੋਰ। ਤਸਵੀਰ : ਹਨੀ ਚਾਹਲੀ

ਸਾਹਨੇਵਾਲ 'ਚ ਛੱਠ ਪੂਜਾ ਦਾ ਤਿਉਹਾਰ ਮਨਾਇਆ

ਸਾਹਨੇਵਾਲ, 28 ਅਕਤੂਬਰ (ਹਨੀ ਚਾਹਲੀ)-ਪੂਰਵਾਂਚਲ ਸਮਾਜ ਦਾ ਪਵਿੱਤਰ ਤਿਉਹਾਰ ਛੱਠ ਪੂਜਾ ਸਾਹਨੇਵਾਲ 'ਚ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਸਬੰਧੀ ਸੀਮਾ ਸ੍ਰੀਵਾਸਤਵ ਨੇ ਦੱਸਿਆ ਕਿ ਛਠ ਪੂਜਾ ਦੀ ਰੀਤ ਪੁਰਾਣੇ ਸਮੇਂ ਤੋਂ ਚੱਲੀ ਆ ਰਹੀ ਹੈ ਤੇ ਜੋ ਵੀ ਇਸ ਦਿਨ ਕੋਈ ਮੰਨਤ ਮੰਗਦਾ ਹੈ ਉਹ ਪੂਰੀ ਹੋ ਜਾਂਦੀ ਹੈ। ਛਠ ਪੂਜਾ ਵਾਲੇ ਤੀਸਰੇ ਦਿਨ ਸ਼ਰਧਾਲੂਆਂ ਵਲੋਂ ਨਹਿਰ ਦੇ ਕਿਨਾਰੇ 'ਤੇ ਜਾ ਕੇ ਪਾਣੀ ਵਿਚ ਖੜ ਕੇ ਸੂਰਜ ਦੇਵਤਾ ਨੂੰ ਅਰਗ ਦੇ ਕੇ ਸੂਰਜ ਦੇਵਤਾ ਤੇ ਛਠ ਮਾਤਾ ਦੀ ਪੂਜਾ ਕੀਤੀ ਗਈ। ਉਨ੍ਹਾਂ ਦੱਸਿਆ ਪੂਜਾ ਵਾਲੇ ਦਿਨ ਖ਼ਾਸ ਤੌਰ 'ਤੇ ਬਾਂਸ ਦੀ ਟੋਕਰੀ ਤੇ ਸੂਪ ਤਿਆਰ ਕੀਤਾ ਜਾਂਦਾ ਹੈ ਜਿਸ 'ਚ ਗੁੜ ਦੇ ਨਾਲ ਬਣਿਆ ਠੇਕੂਆ, ਫਲ, ਕੇਲੇ ਤੇ ਦੀਵੇ ਤੇ ਚੌਲਾਂ ਦੇ ਲੱਡੂ ਤਿਆਰ ਕੀਤੇ ਜਾਂਦੇ ਹਨ। ਉਨ੍ਹਾਂ ਦੱਸਿਆ ਕਿ ਭਲਕੇ ਸਵੇਰੇ ਚੌਥੇ ਦਿਨ ਵਰਤ ਰੱਖਣ ਵਾਲੇ ਸ਼ਰਧਾਲੂ ਚੜ੍ਹਦੇ ਸੂਰਜ ਦੇਵਤਾ ਨੂੰ ਅਰਗ ਦਿੰਦੇ ਹਨ ਤੇ ਆਪਣੇ ਪਰਿਵਾਰ ਦੀ ਸਲਾਮਤੀ ਲਈ ਪ੍ਰਾਰਥਨਾ ਕਰ ਕੇ ਹਵਨ ਕਰਦੇ ਹਨ। ਇਸ ਮੌਕੇ ਰਮੇਸ਼ ਕੁਮਾਰ, ਅਜੈ ਸ੍ਰੀਵਾਸਤਵ, ਸੋਨਮ ਸ੍ਰੀਵਾਸਤਵ ਆਦਿ ਸ਼ਰਧਾਲੂ ਹਾਜ਼ਰ ਸਨ।

ਸਬਸਿਡੀ ਪ੍ਰਾਪਤ ਕਰਨ ਲਈ ਅਨੁਸੂਚਿਤ ਜਾਤੀ ਦੇ ਕਿਸਾਨ ਦੇਣ ਬਿਨੈ ਪੱਤਰ- ਮੁੱਖ ਖੇਤੀਬਾੜੀ ਅਫ਼ਸਰ

ਪਾਇਲ, 28 ਅਕਤੂਬਰ (ਨਿਜ਼ਾਮਪੁਰ)-ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ. ਗੁਰਦੀਪ ਸਿੰਘ ਨੇ ਦੱਸਿਆ ਕਿ ਪਿਛਲੇ ਸਾਲ ਜ਼ਿਲ੍ਹਾ ਲੁਧਿਆਣਾ ਵਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ 'ਚ 81.5 ਪ੍ਰਤੀਸ਼ਤ ਦੀ ਕਮੀ ਦਰਜ ਕੀਤੀ ਗਈ ਸੀ ਜੋ ਕਿ ਪੰਜਾਬ ਦੇ ਕਈ ਜ਼ਿਲ੍ਹਿਆਂ ਨਾਲੋਂ ਵੱਧ ਸੀ। ਇਸ ਸਾਲ ਵੀ ਹੁਣ ਤੱਕ ਪਿਛਲੇ ਸਾਲ ਦੇ ਮੁਕਾਬਲੇ ਇਨ੍ਹਾਂ ਘਟਨਾਵਾਂ 'ਚ 77.5% ਕਮੀ ਦਰਜ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਇਹ ਜ਼ਿਲ੍ਹੇ ਅੰਦਰ ਕਿਸਾਨਾਂ ਵਲੋਂ ਦਿੱਤੇ ਸਹਿਯੋਗ, ਸਬਸਿਡੀ 'ਤੇ ਮੁਹੱਈਆ ਕਰਵਾਈਆਂ ਤਕਰੀਬਨ 9000 ਤੋਂ ਵੱਧ ਖੇਤੀ ਮਸ਼ੀਨਾਂ ਕਾਰਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਵੱਡੇ ਪੱਧਰ ਤੇ ਚਲਾਏ ਜਾਗਰੂਕਤਾ ਅਭਿਆਨ ਕਾਰਨ ਹੀ ਸੰਭਵ ਹੋ ਸਕਿਆ ਸੀ। ਇਸੇ ਲੜੀ ਵਿੱਚ ਪੰਜਾਬ ਸਰਕਾਰ ਵੱਲੋਂ ਫ਼ਸਲਾਂ ਦੀ ਰਹਿੰਦ-ਖੂੰਹਦ ਜਿਵੇਂ ਝੋਨੇ ਦੀ ਪਰਾਲੀ ਆਦਿ ਦੀ ਸੰਭਾਲ ਕਰਨ ਵਿੱਚ ਸਹਾਈ ਖੇਤੀਬਾੜੀ ਮਸ਼ੀਨਾਂ ਉੱਤੇ ਇਸ ਸਾਲ ਵੀ ਸਬਸਿਡੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਖੇਤੀ ਮਸ਼ੀਨਰੀ ਤੇ ਸਬਸਿਡੀ ਲਈ ਅਨੁਸੂਚਿਤ ਜਾਤੀ ਦੇ ਕਿਸਾਨਾਂ ਪਾਸੋਂ ਹੋਰ ਮੰਗ ਪ੍ਰਾਪਤ ਹੋਣ ਕਾਰਨ ਕੇਵਲ ਅਨੁਸੂਚਿਤ ਜਾਤੀ ਦੇ ਕਿਸਾਨਾਂ ਤੋਂ ਹੋਰ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ। ਕਿਸਾਨ ਇਹ ਬਿਨੈ-ਪੱਤਰ ਆਨਲਾਈਨ ਮਾਧਿਅਮ ਰਾਹੀਂ ਖੇਤੀਬਾੜੀ ਵਿਭਾਗ ਦੇ ਪੋਰਟਲ 'ਤੇ 3 ਨਵੰਬਰ 2025 ਸ਼ਾਮ 5.00 ਵਜੇ ਤੱਕ ਦੇ ਸਕਦੇ ਹਨ। ਸਹਾਇਕ ਖੇਤੀਬਾੜੀ ਇੰਜੀਨੀਅਰ ਲੁਧਿਆਣਾ ਇੰਜੀਨੀਅਰ ਅਮਨਪ੍ਰੀਤ ਸਿੰਘ ਨੇ ਦੱਸਿਆ ਕਿ ਅਰਜ਼ੀ ਭਰਨ ਸਮੇਂ ਕਿਸਾਨਾਂ ਕੋਲ ਆਧਾਰ ਕਾਰਡ, ਪਾਸਪੋਰਟ ਸਾਈਜ਼ ਫੋਟੋ ਅਤੇ ਅਨੁਸੂਚਿਤ ਜਾਤੀ ਸਰਟੀਫਿਕੇਟ ਆਦਿ ਦੀਆਂ ਸਕੈਨਡ ਕਾਪੀਆਂ ਹੋਣਾ ਲਾਜ਼ਮੀ ਹੈ।

ਡਾ. ਗੁਰਦੀਪ ਸਿੰਘ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਘਰ ਬੀਬੀਆਂ ਕੀਰਤਨ ਕਰਦੀਆਂ ਹੋਈਆਂ। ਤਸਵੀਰ : ਸੋਨੀ ਗਿੱਲ

ਪ੍ਰਕਾਸ਼ ਪੁਰਬ ਮੌਕੇ ਪ੍ਰਭਾਤ ਫੇਰੀ ਦਾ ਮੰਤਰੀ ਸੌਂਦ ਦੇ ਘਰ ਪਹੁੰਚਣ 'ਤੇ ਕੀਤਾ ਸਵਾਗਤ

ਖੰਨਾ, 28 ਅਕਤੂਬਰ (ਹਰਜਿੰਦਰ ਸਿੰਘ ਲਾਲ)-ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਯੋਜਿਤ ਕੀਤੀ ਜਾ ਰਹੀ ਪ੍ਰਭਾਤ ਫੇਰੀ ਮੰਗਲਵਾਰ ਸਵੇਰੇ ਲਲਹੇੜੀ ਰੋਡ 'ਤੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਦੇ ਨਿਵਾਸ ਸਥਾਨ 'ਤੇ ਪਹੁੰਚੀ। ਪ੍ਰਭਾਤ ਫੇਰੀ ਦੌਰਾਨ ਮਾਹੌਲ ਕੀਰਤਨ ਅਤੇ ਸ਼ਬਦ ਗਾਇਨ ਨਾਲ ਗੂੰਜ ਉੱਠਿਆ। ਮੰਤਰੀ ਸੌਂਦ ਨੇ ਆਪਣੇ ਪਰਿਵਾਰ ਸਮੇਤ ਸ਼ਰਧਾ ਨਾਲ ਕੀਰਤਨ ਸੁਣਿਆ ਅਤੇ ਸਾਰਿਆਂ ਦੀ ਭਲਾਈ ਲਈ ਅਰਦਾਸ ਕੀਤੀ। ਪ੍ਰਭਾਤ ਫੇਰੀ ਵਿੱਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਿੱਸਾ ਲਿਆ। ਕੀਰਤਨ ਸਮੂਹ ਨੇ ਨਾਮ ਜਪੋ, ਕਿਰਤ ਕਰੋ, ਵੰਡ ਛਕੋ ਦਾ ਸੰਦੇਸ਼ ਦਿੱਤਾ। ਸ਼ਰਧਾਲੂਆਂ ਨੇ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਪ੍ਰਣ ਲਿਆ। ਮੰਤਰੀ ਸੌਂਦ ਦੇ ਨਿਵਾਸ ਸਥਾਨ 'ਤੇ ਪਹੁੰਚਣ 'ਤੇ ਸ਼ਰਧਾਲੂਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਲੰਗਰ ਵੀ ਵੰਡਿਆ ਗਿਆ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਮਨੁੱਖਤਾ ਦੀ ਭਲਾਈ ਦਾ ਰਸਤਾ ਦਿਖਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਨੇ ਸਾਰਿਆਂ ਨੂੰ ਸਮਾਨਤਾ, ਪਿਆਰ ਅਤੇ ਸੇਵਾ ਦਾ ਸੰਦੇਸ਼ ਦਿੱਤਾ। ਸਾਨੂੰ ਉਨ੍ਹਾਂ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਸਮਾਜ ਵਿੱਚ ਭਾਈਚਾਰਾ ਅਤੇ ਸਦਭਾਵਨਾ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ।

ਖੰਨਾ ਹਲਕੇ 'ਚ ਬਣਨ ਵਾਲੀਆਂ ਪੇਂਡੂ ਸੰਪਰਕ ਸੜਕਾਂ ਦੀ ਮੰਤਰੀ ਸੌਂਦ ਨੇ ਕੀਤੀ ਸ਼ੁਰੂਆਤ

ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਖੰਨਾ ਹਲਕੇ ਦੀਆਂ ਸੰਪਰਕ ਸੜਕਾਂ ਦਾ ਉਦਘਾਟਨ ਕਰਦੇ ਹੋਏ। ਤਸਵੀਰ : ਸੋਨੀ ਗਿੱਲ

ਖੰਨਾ, 28 ਅਕਤੂਬਰ (ਹਰਜਿੰਦਰ ਸਿੰਘ ਲਾਲ)-ਵਿਧਾਨ ਸਭਾ ਹਲਕਾ ਖੰਨਾ ਵਿਖੇ 2.23 ਕਰੋੜ ਰੁਪਏ ਦੀ ਲਾਗਤ ਅਤੇ ਕੁੱਲ ਲੰਬਾਈ 13.75 ਕਿਲੋਮੀਟਰ ਨਾਲ ਤਿਆਰ ਹੋਣ ਵਾਲੀਆਂ ਪੇਂਡੂ ਲਿੰਕ ਸੜਕਾਂ ਦੀ ਉਸਾਰੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ, ਜਿਨ੍ਹਾਂ 'ਚ ਖੇੜੀ ਨੌਧ ਸਿੰਘ ਤੋਂ ਮਾਣਕ ਮਾਜਰਾ, ਲੁਹਾਰ ਮਾਜਰਾ ਤੋਂ ਡਡਹੇੜੀ ਰੋਡ ਲੰਬਾਈ 4.70 ਕਿੱਲੋਮੀਟਰ, ਲਾਗਤ 77 ਲੱਖ ਰੁਪਏ, ਖੇੜੀ ਨੌਧ ਸਿੰਘ ਰੋਡ ਤੋਂ ਅਲੀਪੁਰ ਤੋਂ ਡਡਹੇੜੀ ਤੋਂ ਇਸਮਾਇਲਪੁਰ ਤੱਕ ਲੰਬਾਈ 4.60 ਕਿਲੋਮੀਟਰ, ਲਾਗਤ 78 ਲੱਖ ਰੁਪਏ ਅਤੇ ਇਸਮਾਇਲਪੁਰ ਤੋਂ ਕੋਟਲਾ ਅਜਨੇਰ 4.45 ਕਿੱਲੋਮੀਟਰ, ਲਾਗਤ 68 ਲੱਖ ਰੁਪਏ ਸ਼ਾਮਿਲ ਹਨ। ਇਨ੍ਹਾਂ ਕੰਮਾਂ ਦੀ ਸ਼ੁਰੂਆਤ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸਭਿਆਚਾਰਕ ਮਾਮਲੇ, ਕਿਰਤ ਅਤੇ ਪ੍ਰਾਹੁਣਚਾਰੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਰਵਾਈ। ਇਸ ਉਨ੍ਹਾਂ ਦੇ ਨਾਲ ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ ਰਤਨਹੇੜੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸੂਬਾ ਵਾਸੀਆਂ ਨੂੰ ਬਿਹਤਰੀਨ ਬੁਨਿਆਦੀ ਸਹੂਲਤਾਂ ਦੇਣ ਲਈ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਖੰਨਾ 'ਚ ਹੋਰ ਵਿਕਾਸ ਕਾਰਜ ਵੀ ਸ਼ੁਰੂ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਬਰਸਾਤਾਂ ਕਾਰਨ ਟੁੱਟੀਆਂ ਸੜਕਾਂ ਬਣਾਉਣ ਦਾ ਕੰਮ ਖੰਨਾ ਹਲਕੇ ਵਿੱਚ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤਾ ਗਿਆ ਹੈ ਤੇ ਆਉਣ ਵਾਲੇ ਕੁਝ ਦਿਨਾਂ ਵਿੱਚ ਲਿੰਕ ਸੜਕਾਂ ਬਣਾਉਣ ਦਾ ਕੰਮ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬਣ ਰਹੀਆਂ ਸੜਕਾਂ ਦੀ ਗੁਣਵੱਤਾ ਦੀ ਜਾਂਚ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਵੱਡੀ ਗਿਣਤੀ ਪਿੰਡਾਂ ਦੇ ਪੰਚ-ਸਰਪੰਚ, ਇਲਾਕਾ ਨਿਵਾਸੀ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਅਧਿਆਪਕ ਆਗੂਆਂ ਦੇ ਸਨਮਾਨ 'ਚ ਕੀਤੀ ਚੇਤਨਾ ਕਨਵੈਂਨਸ਼ਨ

• ਡੀ. ਟੀ. ਐਫ. ਨੂੰ ਹੜ੍ਹ ਪੀੜਤਾਂ ਲਈ 1 ਲੱਖ ਰੁਪਏ ਰਾਸ਼ੀ ਭੇਟ

ਖੰਨਾ, 28 ਅਕਤੂਬਰ (ਹਰਜਿੰਦਰ ਸਿੰਘ ਲਾਲ)-5178 ਮਾਸਟਰ ਕੇਡਰ ਯੂਨੀਅਨ ਲੁਧਿਆਣਾ ਵਲੋਂ ਖੰਨਾ ਵਿਖੇ ਆਪਣੇ ਹੱਕਾਂ, ਹਿੱਤਾਂ ਦੀ ਰਾਖੀ ਲਈ ਕੀਤੇ ਗਏ ਜੇਤੂ ਸੰਘਰਸ਼ ਤੋਂ ਬਾਅਦ ਜਥੇਬੰਦੀ ਦੇ ਜੁਝਾਰੂ ਆਗੂਆਂ ਦੀਪ ਰਾਜਾ, ਅਸ਼ਵਨੀ ਕੁਮਾਰ ਬਠਿੰਡਾ, ਅਮਨਦੀਪ ਸਿੰਘ ਢੁੱਲ, ਬਲਜਿੰਦਰ ਕੁਮਾਰ ਮਾਨਸਾ ਅਤੇ ਜ਼ਿਲ੍ਹਾ ਆਗੂਆਂ ਦੇ ਸਨਮਾਨ ਵਿੱਚ ਜਥੇਬੰਦੀ ਦੇ ਜ਼ਿਲ੍ਹਾ ਸਕੱਤਰ ਕੁਲਭੂਸ਼ਨ ਵਿਰਦੀ ਅਤੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਕੈਂਥ ਦੀ ਅਗਵਾਈ ਵਿੱਚ ਚੇਤਨਾ ਕਨਵੈਂਨਸ਼ਨ ਕੀਤੀ ਗਈ। ਇਸ ਮੌਕੇ ਜਥੇਬੰਦੀ ਦੇ ਸੂਬਾਈ ਬੁਲਾਰਿਆਂ ਅਸ਼ਵਨੀ ਕੁਮਾਰ ਬਠਿੰਡਾ, ਅਮਨਦੀਪ ਸਿੰਘ ਢੁੱਲ ਅਤੇ ਬਲਜਿੰਦਰ ਕੁਮਾਰ ਮਾਨਸਾ ਨੇ ਵੱਡੀ ਗਿਣਤੀ 'ਚ ਇਕੱਤਰ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਆਪਣੇ ਡੇਢ ਦਹਾਕੇ ਤੋਂ ਰੁਜ਼ਗਾਰ ਪ੍ਰਾਪਤੀ, ਰੁਜ਼ਗਾਰ ਪੱਕਾ ਕਰਾਉਣ ਲਈ ਕੀਤੇ ਗਏ ਕਰੜੇ ਸੰਘਰਸ਼ ਦੀਆਂ ਯਾਦਾਂ ਨੂੰ ਤਾਜ਼ਾ ਕੀਤਾ। ਆਗੂਆਂ ਨੇ ਕਿਹਾ ਜਥੇਬੰਦ ਅਧਿਆਪਕਾਂ ਦੁਆਰਾ ਕੀਤੇ ਸੰਘਰਸ਼ ਜਿੱਤਾਂ ਦੇ ਰਾਹ ਖੋਲ੍ਹਦੇ ਹਨ। ਉਨ੍ਹਾਂ ਕਿਹਾ ਕਿ 5178 ਅਧਿਆਪਕਾਂ ਨੇ ਸਮੇਂ-ਸਮੇਂ ਰਹਿ ਚੁੱਕੀਆਂ ਹਕੂਮਤਾਂ ਖ਼ਿਲਾਫ਼ ਤਿੱਖਾ ਸੰਘਰਸ਼ ਕਰਦੇ ਹੋਏ ਆਪਣੀਆਂ ਮੰਗਾਂ ਦੀ ਪੂਰਤੀ ਕਰਾਈ ਹੈ। ਦੀਪ ਰਾਜਾ ਲੁਧਿਆਣਾ ਨੇ ਸੰਬੋਧਨ ਕਰਦਿਆਂ ਕਿਹਾ 5178 ਮਾਸਟਰ ਕਾਡਰ ਯੂਨੀਅਨ ਨੇ ਸੰਘਰਸ਼ ਦੇ ਦਮ ਤੇ ਸੂਬੇ ਦੇ ਸਮੂਹ 5178 ਅਧਿਆਪਕਾਂ ਨੂੰ ਠੇਕਾ ਸੇਵਾ ਦੌਰਾਨ ਘੱਟੋ-ਘੱਟ ਉਜਰਤ ਅਤੇ ਪਰਖਕਾਲ ਸਮੇਂ ਦੌਰਾਨ ਪੂਰੇ ਤਨਖ਼ਾਹ ਸਕੇਲ ਅਨੁਸਾਰ ਬਣਦੇ ਲਗਭਗ ਤਿੰਨ ਸੌ ਕਰੋੜ ਰੁਪਏ ਦੇ ਵਿੱਤੀ ਲਾਭ ਜਾਰੀ ਕਰਾਏ ਹਨ, ਅਧਿਆਪਕਾਂ ਦੇ ਮਾਣ-ਸਨਮਾਨ ਦੀ ਬਹਾਲੀ ਕਰਾਈ ਹੈ ਅਤੇ ਜਾਬਰ ਹਕੂਮਤਾਂ ਦੁਆਰਾ ਮੁਲਾਜਮਾਂ ਨੂੰ ਪਰਖਕਾਲ ਸਮੇਂ ਦੌਰਾਨ ਉੱਕਾ-ਪੁੱਕਾ ਤਨਖ਼ਾਹ ਦੇਣ ਦੀ ਮੁਲਾਜ਼ਮ ਮਾਰੂ ਨੀਤੀ ਨੂੰ ਪੁੱਠਾ ਗੇੜਾ ਦਿੱਤਾ ਹੈ। ਅਧਿਆਪਕ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸੂਬੇ ਦੀ ਪ੍ਰਤੀਨਿਧ ਅਧਿਆਪਕ ਜਥੇਬੰਦੀ ਡੀ. ਟੀ. ਐਫ ਪੰਜਾਬ ਦੇ ਸੂਬਾ ਪ੍ਰਧਾਨ ਦਿੱਗ